# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :05-01-2026**

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਗੋਆ ਵਿੱਚ ਤੱਟ ਰੱਖਿਅਕ ਪਹਿਲੇ ਸਵਦੇਸ਼ੀ ਤੌਰ 'ਤੇ ਡਿਜ਼ਾਈਨ ਕੀਤੇ ਅਤੇ ਬਣਾਏ ਪ੍ਰਦੂਸ਼ਣ ਕੰਟਰੋਲ ਸਮੁੰਦਰੀ ਜਹਾਜ਼ ਸਮੁਦਰ ਪ੍ਰਤਾਪ ਨੂੰ ਆਪਣੇ ਬੇੜੇ ਵਿਚ ਸ਼ਾਮਿਲ ਕੀਤਾ। ਸਮੁਦਰ ਪ੍ਰਤਾਪ ਸਮੁੰਦਰੀ ਪ੍ਰਦੂਸ਼ਣ ਕੰਟਰੋਲ ਨਿਯਮਾਂ ਨੂੰ ਲਾਗੂ ਕਰਨ, ਸਮੁੰਦਰੀ ਕਾਨੂੰਨ ਲਾਗੂ ਕਰਨ, ਖੋਜ ਅਤੇ ਬਚਾਅ ਕਾਰਜਾਂ ਅਤੇ ਦੇਸ਼ ਦੇ ਵਿਸ਼ੇਸ਼ ਆਰਥਿਕ ਖੇਤਰ ਦੀ ਸੁਰੱਖਿਆ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਵਜੋਂ ਕੰਮ ਕਰੇਗਾ। 70 ਫੀਸਦ ਤੋਂ ਵੱਧ ਘਰੇਲੂ ਸਮੱਗਰੀ ਦੇ ਨਾਲ ਪਹਿਲੇ ਸਵਦੇਸ਼ੀ ਤੌਰ 'ਤੇ ਵਿਕਸਤ ਪ੍ਰਦੂਸ਼ਣ ਕੰਟਰੋਲ ਜਹਾਜ਼ ਦੇ ਰੂਪ ਵਿੱਚ, ਇਸ ਵਿੱਚ ਆਪਣੀ ਕਾਰਜਸ਼ੀਲ ਪਹੁੰਚ ਨੂੰ ਵਧਾਉਣ ਲਈ ਇੱਕ ਹੈਲੀਕਾਪਟਰ ਹੈਂਗਰ ਏ। ਇਸ ਮੌਕੇ ਰੱਖਿਆ ਮੰਤਰੀ ਨੇ ਸਮੁਦਰ ਪ੍ਰਤਾਪ ਨੂੰ ਦੇਸ਼ ਦੇ ਸਮੂਹਿਕ ਸੰਕਲਪ ਅਤੇ ਸਮੁੰਦਰੀ ਵਿਸ਼ਵਾਸ ਦੇ ਪ੍ਰਤੀਕ ਵਜੋਂ ਸ਼ਲਾਘਾ ਕਰਦਿਆਂ ਕਿਹਾ...Byte---

ਰੱਖਿਆ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਜਲਵਾਯੂ ਪਰਿਵਰਤਨ ਦੇ ਮੱਦੇਨਜ਼ਰ ਸਮੁੰਦਰੀ ਜੈਵ ਵਿਭਿੰਨਤਾ ਦੀ ਰੱਖਿਆ ਕਰਨਾ ਇੱਕ ਨੈਤਿਕ ਜ਼ਿੰਮੇਵਾਰੀ ਏ । ਰੱਖਿਆ ਮੰਤਰੀ ਨੇ ਉਦਯੋਗ ਨੂੰ ਭਵਿੱਖ ਦੇ ਪ੍ਰੋਜੈਕਟਾਂ ਵਿੱਚ 90 ਫੀਸਦ ਸਵਦੇਸ਼ੀਕਰਨ ਦਾ ਟੀਚਾ ਰੱਖਣ ਦੀ ਅਪੀਲ ਕੀਤੀ।

---------------------------------------------------------

ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਸਰਕਾਰੀ ਮਲਟੀ-ਸਪੈਸ਼ਲਿਟੀ ਹਸਪਤਾਲ ਸੈਕਟਰ-32, ਸੈਕਟਰ 16, PGI ਅਤੇ ਅੰਤਰ-ਰਾਜੀ ਬੱਸ ਟਰਮੀਨਸ ਸੈਕਟਰ 17 ਵਿਖੇ ਬਣੇ ਰੈਣ ਬਸੇਰਿਆਂ ਦਾ ਦੌਰਾ ਕੀਤਾ ਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਦੌਰੇ ਦੌਰਾਨ ਰਾਜਪਾਲ ਨੇ ਮੌਜੂਦਾ ਠੰਡ ਦੇ ਹਾਲਾਤ ਦੇ ਮੱਦੇਨਜ਼ਰ ਇਨ੍ਹਾਂ ਥਾਵਾਂ ’ਤੇ ਬਿਸਤਰਿਆਂ, ਕੰਬਲ, ਪੀਣ ਵਾਲੇ ਪਾਣੀ, ਰੋਸ਼ਨੀ, ਸੈਨੀਟੇਸ਼ਨ ਸਹੂਲਤਾਂ, ਸਫਾਈ ਤੇ ਹੋਰ ਬੁਨਿਆਦੀ ਸਹੂਲਤਾਂ ਦੀ ਉਪਲਬਧਤਾ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਚੰਡੀਗੜ੍ਹ ਪ੍ਰਸ਼ਾਸਨ ਅਤੇ SSP ਨੂੰ ਸਰਦੀਆਂ ਦੇ ਮੌਸਮ ਦੌਰਾਨ ਠੰਡ ਦਾ ਸਾਹਮਣਾ ਕਰ ਰਹੇ ਲੋੜਵੰਦ ਅਤੇ ਬੇਘਰ ਵਿਅਕਤੀਆਂ ਨੂੰ ਕੰਬਲ ਵੰਡਣ ਨੂੰ ਯਕੀਨੀ ਬਣਾਉਣ ਲਈ ਵੀ ਕਿਹਾ। ਉਨ੍ਹਾਂ ਨੇ ਡਿਊਟੀ 'ਤੇ ਮੌਜੂਦ ਅਧਿਕਾਰੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਇਨ੍ਹਾਂ ਸਹੂਲਤਾਂ 'ਤੇ

ਸ਼ਰਨ ਲੈਣ ਵਾਲੇ ਵਿਅਕਤੀਆਂ ਲਈ ਮਾਣ, ਸੁਰੱਖਿਆ ਅਤੇ ਆਰਾਮ ਯਕੀਨੀ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਸਮਾਜ ਦੇ ਸਭ ਤੋਂ ਕਮਜ਼ੋਰ ਵਰਗਾਂ ਦੀ ਭਲਾਈ ਚੰਡੀਗੜ੍ਹ ਪ੍ਰਸ਼ਾਸਨ ਦੀ ਪਹਿਲੀ ਤਰਜੀਹ ਏ। ਉਨ੍ਹਾਂ ਨੇ ਆਸਰਾ ਸਥਾਨਾਂ ਦੀ ਰਿਹਾਇਸ਼ ਅਤੇ ਰੱਖ-ਰਖਾਅ ਦੀ ਨਿਯਮਤ ਨਿਗਰਾਨੀ ਕਰਨ ਅਤੇ ਨਾਗਰਿਕ ਅਧਿਕਾਰੀਆਂ, ਸਿਹਤ ਸੰਸਥਾਵਾਂ ਅਤੇ ਸਮਾਜਿਕ ਸੰਗਠਨਾਂ ਵਿਚਕਾਰ ਤਾਲਮੇਲ ਵਾਲੇ ਯਤਨਾਂ ਦਾ ਸੱਦਾ ਦਿੱਤਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਸ ਅਤਿਅੰਤ ਠੰਢੇ ਮੌਸਮ ਦੌਰਾਨ ਕੋਈ ਵੀ ਸੁਰੱਖਿਆ ਤੋਂ ਬਿਨਾਂ ਨਾ ਰਹੇ।

---------------------------------------------------------------

ਕੇਂਦਰੀ ਗ੍ਰਹਿ ਮੰਤਰਾਲੇ ਦੇ ਐਫ.ਸੀ.ਆਰ.ਏ. ਵਿਭਾਗ ਦੇ ਜਾਇੰਟ ਡਾਇਰੈਕਟਰ ਸੋਰਭ ਬਾਂਸਲ, ਡਿਪਟੀ ਡਾਇਰੈਕਟਰ ਆਯੂਸ਼ ਬਾਂਸਲ, ਆਈ.ਸੀ.ਏ.ਆਈ. ਦੇ ਪ੍ਰਧਾਨ ਸੀ.ਏ. ਚਰਨਜੋਤ ਸਿੰਘ ਅਤੇ ਸੀ.ਏ. ਰਵੀ ਮਿਗਲਾਨੀ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ । ਇਸ ਮਗਰੋਂ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਵੀ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰਨਾਂ ਨੇ ਐਫ.ਸੀ.ਆਰ.ਏ ਦੇ ਅਧਿਕਾਰੀਆਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

-----------------------------------------------------

ਪੰਜਾਬ ਦੇ ਸਿਹਤ ਮੰਤਰੀ ਨੇ ਕਿਹਾ ਕਿ ਪਹਿਲੇ ਗੇੜ ਦੀ ਵੱਡੀ ਸਫਲਤਾ ਤੋਂ ਉਤਸ਼ਾਹਿਤ ਹੋ ਕੇ ਪੰਜਾਬ ਸਰਕਾਰ ਵੱਲੋਂ ਅੱਜ ਤੋਂ 'ਯੁੱਧ ਨਸ਼ਿਆਂ ਵਿਰੁੱਧ' ਦਾ ਦੂਜਾ ਗੇੜ ਸ਼ੁਰੂ ਕੀਤਾ ਜਾ ਰਿਹਾ ਏ ਜਿਸ ਦਾ ਮੁੱਖ ਮਕਸਦ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਏ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਹੁਣ ਤੱਕ ਕਰੀਬ 20,000 ਨੌਜਵਾਨਾਂ ਨੂੰ ਨਸ਼ਿਆਂ ਦੀ ਗ੍ਰਿਫ਼ਤ ਤੋਂ ਮੁਕਤ ਕਰਵਾਇਆ ਜਾ ਚੁੱਕਾ ਏ। ਮੋਹਾਲੀ ਵਿਖੇ ਪੰਚਾਇਤ ਵਿਭਾਗ ਦੇ ਕਰਮਚਾਰੀਆਂ ਲਈ ਕਰਵਾਈ ਗਈ 'ਯੁੱਧ ਨਸ਼ਿਆਂ ਵਿਰੁੱਧ' ਟ੍ਰੇਨਿੰਗ ਵਰਕਸ਼ਾਪ ਦੀ ਪ੍ਰਧਾਨਗੀ ਕਰਦੇ ਹੋਏ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸੂਬੇ ਦੇ ਕਈ ਇਲਾਕਿਆਂ ਵਿੱਚ ਸਥਿਤ ਨਸ਼ਾ ਮੁਕਤੀ ਕੇਂਦਰਾਂ ਵਿੱਚ ਹੁਣ ਨਵੇਂ ਮਾਮਲੇ ਨਹੀਂ ਆ ਰਹੇ, ਜੋ ਇਸ ਮੁਹਿੰਮ ਦੀ ਸਫਲਤਾ ਨੂੰ ਦਰਸਾਉਂਦਾ ਏ। ਇਸ ਦੌਰਾਨ ਨਸ਼ਾ ਰੋਕਥਾਮ ਦੇ ਨਾਲ-ਨਾਲ ਸੁਧਾਰ ਅਤੇ ਮੁੜ ਵਸੇਬੇ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਡਾ. ਬਲਬੀਰ

ਸਿੰਘ ਨੇ ਦੱਸਿਆ ਕਿ ਨਸ਼ਿਆਂ ਤੋਂ ਮੁਕਤ ਹੋ ਚੁੱਕੇ ਨੌਜਵਾਨਾਂ ਨੂੰ ਸਮਾਜ ਵਿੱਚ ਰੋਲ ਮਾਡਲ ਵਜੋਂ ਪੇਸ਼ ਕੀਤਾ ਜਾਵੇਗਾ, ਤਾਂ ਜੋ ਹੋਰ ਨੌਜਵਾਨਾਂ ਨੂੰ ਵੀ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾ ਸਕੇ।

--------------------------------------------------------------------

ਹੁਸ਼ਿਆਰਪੁਰ ਵਿਖੇ ਦਿਵਿਆਂਗ ਵਿਅਕਤੀਆਂ ਦੀ ਭਲਾਈ ਵਾਲੀ ਸੁਸਾਇਟੀ ਨੇ ਨੇਤਰਹੀਣ ਵਿਅਕਤੀਆਂ ਲਈ ਵਿਸ਼ੇਸ਼ ਤੌਰ ’ਤੇ ਸਾਲ 2026 ਲਈ ਸੂਬੇ ਦਾ ਪਹਿਲਾ ਬ੍ਰੇਲ ਕੈਲੰਡਰ ਜਾਰੀ ਕੀਤਾ ਏ । ਬ੍ਰੇਲ ਕੈਲੰਡਰ ਦਾ ਰਸਮੀ ਉਦਘਾਟਨ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦਿਵਿਆਂਗ ਵਿਅਕਤੀਆਂ ਦੇ ਸਸ਼ਕਤੀਕਰਨ ਲਈ ਸੁਸਾਇਟੀ ਦੇ ਨਿਰੰਤਰ ਯਤਨਾਂ ਲਈ ਸ਼ਲਾਘਾ ਕੀਤੀ। ਉਨ੍ਹਾਂ ਨੇ ਬ੍ਰੇਲ ਨੂੰ ਨੇਤਰਹੀਣਾਂ ਲਈ "ਸਿੱਖਿਆ ਦੇ ਖੇਤਰ ਵਿੱਚ ਜੀਵਨ ਰੇਖਾ" ਦੱਸਿਆ ਅਤੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਰੈੱਡ ਕਰਾਸ ਵੱਲੋਂ ਪੂਰਾ ਸਮਰਥਨ ਦੇਣ ਦਾ ਭਰੋਸਾ ਵੀ ਦਿੱਤਾ। ਡਿਪਟੀ ਕਮਿਸ਼ਨਰ ਨੇ ਇਹ ਵੀ ਐਲਾਨ ਕੀਤਾ ਕਿ ਰੈੱਡ ਕਰਾਸ ਦੇ ਸਹਿਯੋਗ ਨਾਲ ਜ਼ਿਲ੍ਹਾ ਡਿਜੀਟਲ ਲਾਇਬ੍ਰੇਰੀ ਵਿੱਚ ਇੱਕ ਬ੍ਰੇਲ ਸਾਹਿਤ ਸਰੋਤ ਕੇਂਦਰ ਸਥਾਪਤ ਕੀਤਾ ਜਾਵੇਗਾ। ਉਨ੍ਹਾਂ ਡਿਜੀਟਲ ਲਾਇਬ੍ਰੇਰੀ ਵਿੱਚ ਦਿਲਚਸਪੀ ਰੱਖਣ ਵਾਲੇ ਵਿਦਿਆਰਥੀਆਂ ਲਈ ਬ੍ਰੇਲ ਸਿੱਖਣ ਦੀਆਂ ਸਹੂਲਤਾਂ ਸ਼ੁਰੂ ਕਰਨ ਦਾ ਵੀ ਐਲਾਨ ਕੀਤਾ। ਬ੍ਰੇਲ

ਪ੍ਰਣਾਲੀ ਦੇ ਖੋਜੀ ਲੂਈ ਬ੍ਰੇਲ ਦੀ 217ਵੀਂ ਜਨਮ ਵਰ੍ਹੇਗੰਢ ਨੂੰ ਮਨਾਉਣ ਵਾਲੇ ਪ੍ਰੋਗਰਾਮ ਦੌਰਾਨ ਕਈ ਪ੍ਰਸਿੱਧ ਨਾਗਰਿਕਾਂ ਅਤੇ ਨੇਤਰਹੀਣ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਸੁਸਾਇਟੀ ਦੇ ਪ੍ਰਧਾਨ ਸੰਦੀਪ ਸ਼ਰਮਾ ਨੇ ਕਿਹਾ ਕਿ ਬ੍ਰੇਲ ਕੈਲੰਡਰ ਪੰਜਾਬ ਵਿੱਚ ਪਹਿਲੀ ਵਾਰ ਜਾਰੀ ਕੀਤਾ ਗਿਆ ਏ ਅਤੇ ਹੁਣ ਹਰ ਸਾਲ ਪ੍ਰਕਾਸ਼ਿਤ ਕੀਤਾ ਜਾਵੇਗਾ।

---------------------------------------------------------

ਮੌਸਮ ਵਿਭਾਗ ਨੇ ਅਗਲੇ ਤਿੰਨ ਦਿਨਾਂ ਤੱਕ ਜਾਬ, ਹਰਿਆਣਾ, ਚੰਡੀਗੜ੍ਹ ਤੇ ਨੇੜਲੇ ਇਲਾਕਿਆਂ ਵਿਚ ਸੀਤ ਲਹਿਰ ਜਾਰੀ ਰਹਿਣ ਦੀ ਸੰਭਾਵਨਾ ਜਤਾਈ ਏ। ਪਿਛਲੇ 24 ਘੰਟਿਆਂ ਵਿੱਚ ਹੁਸ਼ਿਆਰਪੁਰ ਸਭ ਤੋਂ ਠੰਡਾ ਰਿਹਾ, ਜਿੱਥੇ ਘੱਟੋ-ਘੱਟ ਤਾਪਮਾਨ 6.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇਸ ਦੌਰਾਨ, ਦਿੱਲੀ-ਐਨਸੀਆਰ ਵਿੱਚ ਹਵਾ ਦੀ ਗੁਣਵੱਤਾ ਮਾੜੀ ਸ਼੍ਰੇਣੀ ਵਿੱਚ ਬਣੀ ਹੋਈ ਏ।